ਮਲਾਰ ਮਹਲਾ ੪ ॥ ਅਗਮੁ ਅਗੋਚਰੁ ਨਾਮੁ ਹਰਿ ਊਤਮੁ ਹਰਿ ਕਿਰਪਾ ਤੇ ਜਪਿ ਲਇਆ ॥ ਸਤਸੰਗਤਿ ਸਾਧ ਪਾਈ ਵਡਭਾਗੀ ਸੰਗਿ ਸਾਧੂ ਪਾਰਿ ਪਇਆ ॥੧॥ ਮੇਰੈ ਮਨਿ ਅਨਦਿਨੁ ਅਨਦੁ ਭਇਆ ॥ ਗੁਰ ਪਰਸਾਦਿ ਨਾਮੁ ਹਰਿ ਜਪਿਆ ਮੇਰੇ ਮਨ ਕਾ ਭ੍ਰਮੁ ਭਉ ਗਇਆ ॥ ੧॥ ਰਹਾਉ ॥ ਜਿਨ ਹਰਿ ਗਾਇਆ ਜਿਨ ਹਰਿ ਜਪਿਆ ਤਿਨ ਸੰਗਤਿ ਹਰਿ ਮੇਲਹੁ ਕਰਿ ਮਇਆ ॥ ਤਿਨ ਕਾ ਦਰਸੁ ਦੇਖਿ ਸੁਖੁ ਪਾਇਆ ਦੁਖੁ ਹਉਮੈ ਰੋਗੁ ਗਇਆ ॥੨॥ ਜੋ ਅਨਦਿਨੁ ਹਿਰਦੈ ਨਾਮੁ ਧਿਆਵਹਿ ਸਭੁ ਜਨਮੁ ਤਿਨਾ ਕਾ ਸਫਲੁ ਭਇਆ ॥ ਓਇ ਆਪਿ ਤਰੇ ਸ੍ਰਿਸਟਿ ਸਭ ਤਾਰੀ ਸਭੁ ਕੁਲੁ ਭੀ ਪਾਰਿ ਪਇਆ ॥੩॥ ਤੁਧੁ ਆਪੇ ਆਪਿ ਉਪਾਇਆ ਸਭੁ ਜਗੁ ਤੁਧੁ ਆਪੇ ਵਸਿ ਕਰਿ ਲਇਆ ॥ ਜਨ ਨਾਨਕ ਕਉ ਪ੍ਰਭਿ ਕਿਰਪਾ ਧਾਰੀ ਬਿਖੁ ਡੁਬਦਾ ਕਾਢਿ ਲਇਆ ॥੪॥੬॥ {ਪੰਨਾ 1264}

ਪਦ ਅਰਥ:- ਅਗਮੁ—ਅਪਹੁੰਚ। ਅਗੋਚਰੁ—(ਅ-ਗੋ-ਚਰੁ। ਗੋ—ਗਿਆਨ-ਇੰਦ੍ਰੇ। ਚਰੁ—ਪਹੁੰਚ) ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਊਤਮੁ—ਉੱਚਾ (ਜੀਵਨ ਬਣਾਣ ਵਾਲਾ)। ਤੇ—ਤੋਂ, ਦੀ ਰਾਹੀਂ। ਸਾਧ—ਗੁਰੂ। ਪਾਈ—ਹਾਸਲ ਕੀਤੀ। ਵਡਭਾਗੀ—ਵੱਡੇ ਭਾਗਾਂ ਨਾਲ। ਸੰਗਿ ਸਾਧੂ—ਗੁਰੂ ਦੀ ਸੰਗਤਿ ਵਿਚ।1।

ਮੇਰੈ ਮਨਿ—ਮੇਰੇ ਮਨ ਵਿਚ। ਅਨਦਿਨੁ—(Anuidnz) ਹਰ ਰੋਜ਼, ਹਰ ਵੇਲੇ। ਪਰਸਾਦਿ—ਕਿਰਪਾ ਨਾਲ।1। ਰਹਾਉ।

ਹਰਿ—ਹੇ ਹਰੀ! ਕਰਿ—ਕਰ ਕੇ। ਮਇਆ—ਦਇਆ। ਦੇਖਿ—ਵੇਖ ਕੇ।2।

ਧਿਆਵਹਿ—ਧਿਆਉਂਦੇ ਹਨ (ਬਹੁ-ਵਚਨ)। ਸਫਲੁ—ਕਾਮਯਾਬ। ਓਇ—(ਲਫ਼ਜ਼ 'ਓਹ' ਤੋਂ ਬਹੁ-ਵਚਨ) ਉਹ ਬੰਦੇ।3।

ਆਪੇ—ਆਪ ਹੀ। ਸਭੁ ਜਗੁ—ਸਾਰਾ ਜਗਤ। ਵਸਿ—ਵੱਸ ਵਿਚ। ਪ੍ਰਭਿ—ਪ੍ਰਭੂ ਨੇ। ਬਿਖੁ—ਆਤਮਕ ਮੌਤ ਲਿਆਉਣ ਵਾਲਾ (ਮਾਇਆ ਦੇ ਮੋਹ ਦਾ) ਜ਼ਹਰ।4।

ਅਰਥ:- ਹੇ ਭਾਈ! (ਜਦੋਂ ਤੋਂ) ਗੁਰੂ ਦੀ ਕਿਰਪਾ ਨਾਲ ਮੈਂ ਪਰਮਾਤਮਾ ਦਾ ਨਾਮ ਜਪ ਰਿਹਾ ਹਾਂ, ਮੇਰੇ ਮਨ ਦਾ ਹਰੇਕ ਭਰਮ ਅਤੇ ਡਰ ਦੂਰ ਹੋ ਗਿਆ ਹੈ। (ਹੁਣ) ਮੇਰੇ ਮਨ ਵਿਚ ਹਰ ਵੇਲੇ ਆਨੰਦ ਬਣਿਆ ਰਹਿੰਦਾ ਹੈ।1। ਰਹਾਉ।

ਹੇ ਭਾਈ! ਪਰਮਾਤਮਾ ਅਪਹੁੰਚ ਹੈ, ਪਰਮਾਤਮਾ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਉਸ ਦਾ ਨਾਮ (ਮਨੁੱਖ ਦੇ ਜੀਵਨ ਨੂੰ) ਉੱਚਾ (ਕਰਨ ਵਾਲਾ) ਹੈ। (ਜਿਸ ਮਨੁੱਖ ਨੇ) ਗੁਰੂ ਦੀ ਕਿਰਪਾ ਨਾਲ (ਇਹ ਨਾਮ) ਜਪਿਆ ਹੈ, (ਜਿਸ ਮਨੁੱਖ ਨੇ) ਵੱਡੇ ਭਾਗਾਂ ਨਾਲ ਗੁਰੂ ਦੀ ਸੰਗਤਿ ਪ੍ਰਾਪਤ ਕੀਤੀ ਹੈ, ਉਹ ਗੁਰੂ ਦੀ ਸੰਗਤਿ ਵਿਚ ਰਹਿ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ ਹੈ।1।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕੀਤੀ ਹੈ, ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਜਪਿਆ ਹੈ, ਉਹਨਾਂ ਦਾ ਦਰਸਨ ਕਰ ਕੇ ਆਤਮਕ ਆਨੰਦ ਮਿਲਦਾ ਹੈ, ਹਰੇਕ ਦੁੱਖ ਦੂਰ ਹੋ ਜਾਂਦਾ ਹੈ, ਹਉਮੈ ਦਾ ਰੋਗ ਮਿਟ ਜਾਂਦਾ ਹੈ। ਹੇ ਹਰੀ! ਮਿਹਰ ਕਰ ਕੇ (ਮੈਨੂੰ ਭੀ) ਉਹਨਾਂ ਦੀ ਸੰਗਤਿ ਮਿਲਾ।2।

ਹੇ ਭਾਈ! ਜਿਹੜੇ ਮਨੁੱਖ ਹਰ ਵੇਲੇ (ਆਪਣੇ) ਹਿਰਦੇ ਵਿਚ ਪਰਮਾਤਮਾ ਦਾ ਨਾਮ ਜਪਦੇ ਹਨ, ਉਹਨਾਂ ਦੀ ਸਾਰੀ ਜ਼ਿੰਦਗੀ ਕਾਮਯਾਬ ਹੋ ਜਾਂਦੀ ਹੈ। ਉਹ ਮਨੁੱਖ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ, ਉਹ ਸਾਰੀ ਸ੍ਰਿਸ਼ਟੀ ਨੂੰ (ਭੀ) ਪਾਰ ਲੰਘਾ ਲੈਂਦੇ ਹਨ, (ਉਹਨਾਂ ਦੀ ਸੰਗਤਿ ਵਿਚ ਰਹਿ ਕੇ ਉਹਨਾਂ ਦਾ) ਸਾਰਾ ਖ਼ਾਨਦਾਨ ਭੀ ਪਾਰ ਲੰਘ ਜਾਂਦਾ ਹੈ।3।

ਹੇ ਪ੍ਰਭੂ! ਤੂੰ ਆਪ ਹੀ ਇਹ ਸਾਰਾ ਜਗਤ ਪੈਦਾ ਕੀਤਾ ਹੋਇਆ ਹੈ, ਤੂੰ ਆਪ ਹੀ ਇਸ ਨੂੰ ਆਪਣੇ ਵੱਸ ਵਿਚ ਰੱਖਿਆ

ਹੈ (ਤੇ ਇਸ ਨੂੰ ਡੁੱਬਣੋਂ ਬਚਾਂਦਾ ਹੈ)। ਹੇ ਨਾਨਕ! (ਆਖ—ਹੇ ਭਾਈ!) ਪ੍ਰਭੂ ਨੇ ਜਿਸ ਸੇਵਕ ਉਤੇ ਮਿਹਰ ਕੀਤੀ, ਉਸ ਨੂੰ ਆਤਮਕ ਮੌਤ ਲਿਆਉਣ ਵਾਲੇ (ਮਾਇਆ ਦੇ ਮੋਹ ਦੇ) ਜ਼ਹਰ-ਸਮੁੰਦਰ ਵਿਚ ਡੁੱਬਦੇ ਨੂੰ ਬਾਹਰ ਕੱਢ ਲਿਆ।4।6।